# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :08-12-2025**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਲੋਕ ਸਭਾ ’ਚ ਅੱਜ ਰਾਸ਼ਟਰੀ ਗੀਤ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ 'ਤੇ ਬਹਿਸ - ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ- ਰਾਸ਼ਟਰੀ ਗੀਤ ਨੇ, ਦੇਸ਼ ਦੇ ਆਜ਼ਾਦੀ ਸੰਗਰਾਮ ਨੂੰ ਊਰਜਾ ਦਿੱਤੀ ਅਤੇ ਆਜ਼ਾਦੀ ਘੁਲਾਟੀਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਅੱਜ ਵੀ ਦੇਸ਼ ਨੂੰ ਪ੍ਰੇਰਿਤ ਕਰ ਰਿਹਾ ਏ।
- ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹੈ -ਸਰਕਾਰ ਨੇ ਕਿਸਾਨਾਂ ਨੂੰ ਉਪਜ ਦੇ ਉਚਿਤ ਮੁੱਲ ਮਿਲਣ ਨੂੰ ਯਕੀਨੀ ਬਣਾਉਣ ਲਈ, ਬਾਜ਼ਾਰ ਦਖਲਅੰਦਾਜ਼ੀ ਯੋਜਨਾ ਤਹਿਤ ਇੱਕ ਪ੍ਰਬੰਧ ਲਿਆਂਦਾ ਏ।

- ਪੰਜਾਬ ਜੰਗਲਾਤ ਵਿਭਾਗ ਨੇ 'ਗਰੀਨਿੰਗ ਪੰਜਾਬ ਮਿਸ਼ਨ' ਤਹਿਤ ਸੂਬੇ ਵਿੱਚ ਜੰਗਲਾਂ ਅਤੇ ਰੁੱਖਾਂ ਦੇ ਰਕਬੇ ਨੂੰ ਵਧਾਉਣ ਲਈ 12 ਲੱਖ ਤੋਂ ਵੱਧ ਬੂਟੇ ਲਾਏ।
- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵਲੋਂ ਸਰਹੱਦ ਪਾਰੋਂ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫ਼ਾਸ਼ ਇੱਕ ਨਾਬਾਲਗ ਸਮੇਤ 6 ਮੁਲਜ਼ਮਾਂ ਨੂੰ 6 ਪਿਸਤੌਲਾਂ ਨਾਲ ਕੀਤਾ ਗ੍ਰਿਫਤਾਰ ।
- ਮਰਦਾਂ ਦੀ ਹਾਕੀ ਵਿੱਚ, ਭਾਰਤ ਅਤੇ ਦੱਖਣੀ ਅਫਰੀਕਾ ਦਰਮਿਆਨ ਤਿੰਨ ਮੈਚਾਂ ਦੀ ਲੜੀ ਦਾ ਦੂਜਾ ਮੈਚ, ਅੱਜ ਕੇਪਟਾਊਨ ਵਿਖੇ ਖੇਡਿਆ ਜਾਵੇਗਾ।

## *ਹੁਣ ਖਬਰਾਂ ਵਿਸਥਾਰ ਨਾਲ*

ਲੋਕ ਸਭਾ ਨੇ ਅੱਜ ਰਾਸ਼ਟਰੀ ਗੀਤ, ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ 'ਤੇ ਚਰਚਾ ਸ਼ੁਰੂ ਕੀਤੀ। ਰਾਸ਼ਟਰੀ ਗੀਤ 1875 ਵਿੱਚ ਬੰਕਿਮ ਚੰਦਰ ਚੈਟਰਜੀ ਵਲੋਂ ਲਿਖਿਆ ਗਿਆ ਸੀ। ਚਰਚਾ ਦੀ ਸ਼ੁਰੂਆਤ ਕਰਦਿਆਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਵੰਦੇ ਮਾਤਰਮ ਦੇ ਮੰਤਰ ਨੇ ਪੂਰੇ ਦੇਸ਼ ਨੂੰ ਤਾਕਤ ਅਤੇ ਪ੍ਰੇਰਨਾ ਦਿੱਤੀ ਅਤੇ ਆਜ਼ਾਦੀ ਅੰਦੋਲਨ ਨੂੰ ਊਰਜਾ ਦਿੱਤੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਵੰਦੇ ਮਾਤਰਮ ਨੂੰ

ਯਾਦ ਕਰਨਾ, ਇਸ ਸਦਨ ਦੇ ਸਾਰੇ ਮੈਂਬਰਾਂ ਅਤੇ ਦੇਸ਼ ਵਾਸੀਆਂ ਲਈ ਇੱਕ ਵੱਡਾ ਸਨਮਾਨ ਏ । ਸ਼੍ਰੀ ਮੋਦੀ ਨੇ ਕਿਹਾ ਕਿ ਵੰਦੇ ਮਾਤਰਮ ਦੇ 150 ਸਾਲ ਉਸ ਮਹਾਨ ਅਧਿਆਇ ਅਤੇ ਮਾਣ ਨੂੰ ਮੁੜ ਸਥਾਪਿਤ ਕਰਨ ਦਾ ਮੌਕਾ ਏ । ਉਨ੍ਹਾਂ ਕਿਹਾ ਕਿ ਵੰਦੇ ਮਾਤਰਮ ਨੇ 1947 ਵਿੱਚ ਆਜ਼ਾਦੀ ਪ੍ਰਾਪਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ-

Byte

ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਵੰਦੇ ਮਾਤਰਮ ਉਹ ਸ਼ਕਤੀ ਏ ਜੋ ਲੋਕਾਂ ਨੂੰ ਆਜ਼ਾਦੀ ਘੁਲਾਟੀਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪ੍ਰੇਰਿਤ ਕਰਦੀ ਏ । ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਜਦੋਂ ਵੰਦੇ ਮਾਤਰਮ ਦੀ 100ਵੀਂ ਵਰ੍ਹੇਗੰਢ ਮਨਾਈ ਗਈ ਸੀ, ਤਾਂ ਦੇਸ਼ ਐਮਰਜੈਂਸੀ ਤੋਂ ਪ੍ਰਭਾਵਿਤ ਹੋਇਆ ਸੀ। ਉਨ੍ਹਾਂ ਕਿਹਾ ਕਿ ਜਦੋਂ ਰਾਸ਼ਟਰੀ ਗੀਤ ਨੂੰ ਬਹੁਤ ਉਤਸ਼ਾਹ ਨਾਲ ਮਨਾਇਆ ਜਾਣਾ ਚਾਹੀਦਾ ਸੀ, ਤਾਂ ਭਾਰਤ ਦੇ ਸੰਵਿਧਾਨ ਨੂੰ ਦਬਾ ਦਿੱਤਾ ਗਿਆ ਅਤੇ ਦੇਸ਼ ਲਈ ਮਰਨ ਵਾਲਿਆਂ ਨੂੰ ਜੇਲ੍ਹਾਂ ਵਿੱਚ ਸੁੱਟ ਦਿੱਤਾ ਗਿਆ-

byte

ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਿਹਾ ਕਿ ਸਦਨ ਰਾਸ਼ਟਰੀ ਗੀਤ, ਵੰਦੇ ਮਾਤਰਮ 'ਤੇ ਚਰਚਾ ਕਰ ਰਿਹਾ ਸੀ। ਉਨ੍ਹਾਂ ਕਿਹਾ ਕਿ ਇਸ ਗੀਤ

ਨੇ ਬਸਤੀਵਾਦੀ ਸ਼ਾਸਨ ਵਿਰੁੱਧ ਮੁਸ਼ਕਲ ਸਮੇਂ ਦੌਰਾਨ ਊਰਜਾ ਅਤੇ ਉਮੀਦ ਪੈਦਾ ਕੀਤੀ ।

-----------------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਸਰਕਾਰ ਨੇ 'ਮਾਰਕੀਟ  ਇੰਟਰਵੈਨਸ਼ਨ ਸਕੀਮ' ਜ਼ਾਰ ਦਖਲਅੰਦਾਜ਼ੀ ਯੋਜਨਾ ਤਹਿਤ ਇੱਕ ਪ੍ਰਬੰਧ ਪੇਸ਼ ਕੀਤਾ ਏ ਤਾਂ ਜੋ ਕਿਸਾਨਾਂ ਨੂੰ ਉਨ੍ਹਾਂ ਦੀ ਉਪਜ ਦਾ ਉਚਿਤ ਮੁੱਲ ਮਿਲੇ। ਨਵੀਂ ਦਿੱਲੀ ਵਿੱਚ ਖੇਤੀਬਾੜੀ ਸੰਮੇਲਨ 2025 ਨੂੰ ਸੰਬੋਧਨ ਕਰਦਿਆਂ ਮੰਤਰੀ ਨੇ ਕਿਹਾ ਕਿ ਬਾਗਬਾਨੀ ਫਸਲਾਂ ਲਈ, ਜੇਕਰ ਦਰ ਇੱਕ ਨਿਸ਼ਚਿਤ ਸੀਮਾ ਤੋਂ ਹੇਠਾਂ ਆ ਜਾਂਦੀ ਏ, ਤਾਂ ਸਰਕਾਰ ਆਦਰਸ਼ ਦਰ ਅਤੇ ਵਿਕਰੀ ਮੁੱਲ ਵਿਚਕਾਰ ਅੰਤਰ ਨੂੰ ਸਿਧਿਆਂ ਕਿਸਾਨ ਦੇ ਖਾਤੇ ਵਿੱਚ ਜਮ੍ਹਾ ਕਰੇਗੀ। ਸ਼੍ਰੀ ਚੌਹਾਨ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕਿਸਾਨ ਵਿਗਿਆਨ ਦੀ ਸਭ ਤੋਂ ਜ਼ਿਆਦਾ ਵਰਤੋਂ ਕਰਦੇ ਨੇ. ਉਨ੍ਹਾਂ ਨੇ ਕਿਸਾਨਾਂ ਲਈ ਉੱਚ-ਗੁਣਵੱਤਾ ਅਤੇ ਸਹੀ ਸਮਗਰੀ ਦੀ ਮੰਗ ਵੀ ਕੀਤੀ।

-----------------------------------------------------------

ਪੰਜਾਬ ਜੰਗਲਾਤ ਵਿਭਾਗ ਨੇ ਸੂਬੇ ਵਿੱਚ ਜੰਗਲਾਂ ਅਤੇ ਰੁੱਖਾਂ ਦੇ ਰਕਬੇ ਨੂੰ ਵਧਾਉਣ ਲਈ 12 ਲੱਖ ਤੋਂ ਵੱਧ ਬੂਟੇ ਲਾਏ ।‘ਗਰੀਨਿੰਗ ਪੰਜਾਬ

ਮਿਸ਼ਨ' ਤਹਿਤ ਸੂਬੇ ਵਿੱਚ ਮੌਜੂਦਾ ਜੰਗਲਾਂ ਅਤੇ ਰੁੱਖਾਂ ਹੇਠਲੇ ਰਕਬੇ ਦੀ ਸਾਂਭ-ਸੰਭਾਲ, ਵਿਕਾਸ ਅਤੇ ਵਾਧੇ ਲਈ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਇਹ ਉਪਰਾਲਾ ਕੀਤਾ ਗਿਆ ਏ। ਵਿਭਾਗ ਨੇ ਪੰਜਾਬ ਵਿੱਚ ਹਰਿਆਵਲ ਨੂੰ ਵਧਾਉਣ ਦੇ ਆਪਣੇ ਯਤਨਾਂ ਤਹਿਤ ਸੂਬੇ ਭਰ ਵਿੱਚ ਵੱਖ-ਵੱਖ ਯੋਜਨਾਵਾਂ ਅਧੀਨ ਬੂਟੇ ਲਗਾਏ ਨੇ। ਕਈ ਨਵੀਆਂ ਪਹਿਲਕਦਮੀਆਂ ਤਹਿਤ 12 ਲਖ 55 ਹਜ਼ਾਰ 700 ਬੂਟੇ ਲਗਾਏ ਗਏ ਹਨ। ਇਨ੍ਹਾਂ ਵਿੱਚ ਸ਼ਹਿਰੀ ਜੰਗਲਾਤ ਅਧੀਨ ਲਗਾਏ ਗਏ 3,31,000 ਪੌਦੇ ਸ਼ਾਮਲ ਨੇ । ਇਸ ਤੋਂ ਇਲਾਵਾ, ਕੰਡਿਆਲੀ ਤਾਰ ਲਗਾ ਕੇ ਪਵਿੱਤਰ ਵਣ ਵਿਕਸਤ ਕਰਨ ਦੇ ਨਾਲ-ਨਾਲ ਕੰਡਿਆਲੀ ਤਾਰ ਨਾਲ 'ਨਾਨਕ ਬਗੀਚੀਆਂ' ਵਿਕਸਿਤ ਕਰਨ ਦੇ ਹਿੱਸੇ ਵਜੋਂ 20 ਹਜ਼ਾਰ 800 ਬੂਟੇ ਲਗਾਏ ਗਏ ਨੇ। ਬੂਟੇ ਲਗਾਉਣ ਦਾ ਉਦੇਸ਼ ਰਾਜ ਵਿੱਚ ਸਾਰੀਆਂ ਉਪਲਬਧ ਜ਼ਮੀਨਾਂ 'ਤੇ ਵੱਧ ਤੋਂ ਵੱਧ ਗਿਣਤੀ ਵਿੱਚ ਪੌਦੇ ਲਗਾ ਕੇ ਜ਼ਿਆਦਾ ਤੋਂ ਜ਼ਿਆਦਾ ਰਕਬੇ ਨੂੰ ਹਰਿਆਲੀ ਹੇਠ ਲਿਆਉਣਾ , ਨਰਸਰੀਆਂ ਵਧਾਉਣਾ, ਜੰਗਲਾਤ ਹੇਠਲਾ ਰਕਬਾ ਵਧਾਉਣ ਲਈ ਰਾਜ ਸਰਕਾਰ ਦੀਆਂ ਪਹਿਲਕਦਮੀਆਂ ਬਾਰੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ, ਬੂਟਿਆਂ ਦੀ ਸੁਰੱਖਿਆ ਲਈ ਜ਼ਰੂਰੀ ਪ੍ਰਬੰਧ ਕਰਨਾ, ਸੂਬੇ ਵਿੱਚ ਜੰਗਲ ਜਾਗਰੂਕਤਾ ਪਾਰਕਾਂ ਦੀ ਸਥਾਪਨਾ ਅਤੇ ਰੱਖ-ਰਖਾਅ ਕਰਨਾ

ਅਤੇ ਜੰਗਲਾਤ ਖੋਜ ਦੇ ਨਾਲ-ਨਾਲ ਸਿਖਲਾਈ ਗਤੀਵਿਧੀਆਂ ਕਰਨਾ ਏ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਦੂਰਦਰਸ਼ਨ 'ਤੇ ਪ੍ਰਸਾਰਿਤ ਹੋਏ "ਸੁਪ੍ਰਭਾਤਮ" ਪ੍ਰੋਗਰਾਮ ਦੀ ਸ਼ਲਾਘਾ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ, ਇਹ ਪ੍ਰੋਗਰਾਮ ਸਵੇਰੇ-ਸਵੇਰੇ ਇੱਕ ਤਾਜ਼ਗੀ ਭਰਿਆ ਅਹਿਸਾਸ ਦਿੰਦਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਵਿੱਚ, ਯੋਗ ਤੋਂ ਲੈ ਕੇ ਭਾਰਤੀ ਜੀਵਨ ਸ਼ੈਲੀ ਤੱਕ ਦੇ ਵੱਖ-ਵੱਖ ਪਹਿਲੂਆਂ 'ਤੇ ਚਰਚਾ ਕੀਤੀ ਗਈ ਏ। ਉਨ੍ਹਾਂ ਕਿਹਾ ਕਿ, ਭਾਰਤੀ ਰਵਾਇਤਾਂ ਅਤੇ ਕਦਰਾਂ-ਕੀਮਤਾਂ 'ਤੇ ਅਧਾਰਤ ਇਹ ਪ੍ਰੋਗਰਾਮ ਗਿਆਨ, ਪ੍ਰੇਰਨਾ ਅਤੇ ਸਕਾਰਾਤਮਕਤਾ ਦਾ ਇੱਕ ਸ਼ਾਨਦਾਰ ਸੰਗਮ ਏ। ਅੱਧੇ ਘੰਟੇ ਦਾ ਇਹ ਪ੍ਰੋਗਰਾਮ, ਸੋਮਵਾਰ ਤੋਂ ਸ਼ੁੱਕਰਵਾਰ ਸਵੇਰੇ 7 ਵਜੇ DD ਨਿਊਜ਼ 'ਤੇ ਪ੍ਰਸਾਰਿਤ ਹੁੰਦਾ ਏ ਅਤੇ ਯੋਗ, ਸੱਭਿਆਚਾਰ, ਵਿਰਸੇ ਅਤੇ ਸਿਹਤਮੰਦ ਜੀਵਨ ਸ਼ੈਲੀ 'ਤੇ ਕੇਂਦ੍ਰਿਤ ਏ।

---

ਦੇਸ਼ ਵਿੱਚ ਚੱਲ ਰਹੇ ਇੰਡੀਗੋ ਸੰਕਟ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੇ ਮੁਸਾਫ਼ਰਾਂ ਦੀ ਸਹੂਲਤ ਲਈ 24 ਘੰਟੇ ਸੱਤੇ ਦਿਨ ਕੰਮ ਕਰਨ ਵਾਲਾ

ਕੰਟਰੋਲ ਰੂਮ ਸਥਾਪਤ ਕਰਕੇ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਕੋਈ ਵੀ ਮੁਸ਼ਕਿਲ ਨਾ ਆਉਣ ਦੇਣ ਲਈ ਕਦਮ ਚੁੱਕੇ ਨੇ। ਪੰਜਾਬ ਸ਼ਹਿਰੀ ਹਵਾਬਾਜ਼ੀ ਵਿਭਾਗ ਦੇ ਸਕੱਤਰ ਸੋਨਾਲੀ ਗਿਰਿ ਨੇ ਸਥਿਤੀ ਨੂੰ ਸੁਚਾਰੂ ਬਣਾਉਣ ਲਈ ਹਵਾਈ ਅੱਡਾ ਅਧਿਕਾਰੀਆਂ, ਸੀ ਆਈ ਐਸ ਐਫ ਅਤੇ ਏਅਰਲਾਈਨ ਕੰਪਨੀਆਂ ਨਾਲ ਵਿਸਥਾਰਤ ਗੱਲਬਾਤ ਕੀਤੀ। ਸਕੱਤਰ ਨੇ ਕਿਹਾ ਕਿ ਮੁੱਖ ਮੰਤਰੀ ਦੇ ਨਿਰਦੇਸ਼ਾਂ ਅਨੁਸਾਰ, ਇੰਡੀਗੋ ਉਡਾਣ 'ਚ ਦੇਰੀ ਅਤੇ ਰੱਦ ਹੋਣ ਤੋਂ ਪ੍ਰਭਾਵਿਤ ਮੁਸਾਫ਼ਰਾਂ ਦੀ ਸਹੂਲਤ ਲਈ ਕੰਟਰੋਲ ਰੂਮ ਤੁਰੰਤ ਸ਼ੁਰੂ ਕਰ ਦਿੱਤਾ ਗਿਆ ਏ। ਉਨ੍ਹਾਂ ਕਿਹਾ ਕਿ ਜਾਣਕਾਰੀ ਅਤੇ ਸਹਾਇਤਾ ਲਈ, ਡਿਊਟੀ ਟਰਮੀਨਲ ਮੈਨੇਜਰ ਦੇ ਦਫ਼ਤਰ ਵਿਖੇ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਏ। ਸਕੱਤਰ ਨੇ ਕਿਹਾ ਕਿ ਮੁਸਾਫ਼ਰ ਕਿਸੇ ਵੀ ਤਰ੍ਹਾਂ ਦੀ ਮਦਦ ਲਈ ਹੈਲਪਲਾਈਨ ਨੰਬਰ 95010-15832 'ਤੇ ਸੰਪਰਕ ਕਰ ਸਕਦੇ ਨੇ।

---------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਪਾਕਿਸਤਾਨ ਅਧਾਰਤ ਹਥਿਆਰ ਤਸਕਰੀ ਮਡੀਊਲ ਦਾ ਪਰਦਾਫਾਸ਼ ਕਰਦਿਆਂ ਇਕ ਨਾਬਾਲਗ ਸਮੇਤ 6 ਮੁਲਜ਼ਮਾਂ ਨੂੰ 6 ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਪੰਜਾਬ

ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਤਰਨਤਾਰਨ ਦੇ ਪਿੰਡ ਕੋਟਲੀ ਵਸਾਵਾ ਸਿੰਘ ਦੇ ਰਹਿਣ ਵਾਲੇ ਗੁਰਬੀਰ ਸਿੰਘ ਉਰਫ਼ ਸੋਨੂੰ, ਖੇਮ ਕਰਨ ਦੇ ਗੁਰਪ੍ਰੀਤ ਸਿੰਘ ਉਰਫ਼ ਗੋਪਾ, ਗੋਰਕਾ ਸਿੰਘ , ਰਾਜਵਿੰਦਰ ਸਿੰਘ , ਬਚੀਵਿੰਡ ਦੇ ਜਸਪਾਲ ਸਿੰਘ ਅਤੇ ਸੁਲਤਾਨਪੁਰ ਲੋਧੀ ਦੇ ਰਹਿਣ ਵਾਲੇ ਨਾਬਾਲਗ ਵਜੋਂ ਹੋਈ  ਏ । ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਕਾਬੂ ਕੀਤੇ ਗਏ ਦੋਸ਼ੀ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਸਿੱਧੇ ਤੌਰ 'ਤੇ ਪਾਕਿਸਤਾਨ ਅਧਾਰਤ ਹੈਂਡਲਸ ਨਾਲ ਸੰਪਰਕ ਵਿੱਚ ਸਨ। ਪਾਕਿਸਤਾਨ ਤੋਂ ਡਰੋਨ ਰਾਹੀਂ ਭੇਜੇ ਜਾ ਰਹੇ ਇਹ ਹਥਿਆਰ ਮਾਝਾ ਅਤੇ ਦੁਆਬਾ ਖੇਤਰ ਦੇ ਅਪਰਾਧੀਆਂ ਤੱਕ ਪਹੁੰਚਾਏ ਜਾਂਦੇ ਸਨ। ਕਮਿਸ਼ਨਰ ਭੁੱਲਰ ਨੇ ਕਿਹਾ ਕਿ ਮਾਝੇ ਅਤੇ ਦੁਆਬੇ ਖੇਤਰ ਵਿੱਚ ਲਗਾਤਾਰ ਜਾਂਚ ਜਾਰੀ ਏ ।

Byte

------------------------------------------------------------

ਭਾਰਤੀ ਜਲ ਸੈਨਾ ਦੇ ਪ੍ਰਮੁੱਖ ਕੋਲਕਾਤਾ-ਕਲਾਸ ਸਟੀਲਥ ਗਾਈਡਡ ਮਿਜ਼ਾਈਲ ਡਿਸਟਰਾਇਰ, ਆਈ.ਐਨ.ਐਸ. ਕੋਚੀ-D 64) ਦੇ ਸਕੇਲ-ਡਾਊਨ ਮਾਡਲ  ਦਾ, ਉਦਘਾਟਨ ਮਹਾਰਾਜਾ ਰਣਜੀਤ ਸਿੰਘ ਆਰਮਡ

ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਵਿਖੇ ਕੀਤਾ ਗਿਆ। ਭਾਰਤੀ ਜਲ ਸੈਨਾ ਵੱਲੋਂ ਪੇਸ਼ ਕੀਤੇ ਗਏ ਮਾਡਲ ਦਾ ਉਦਘਾਟਨ ਵਾਈਸ ਐਡਮਿਰਲ ਸੰਜੇ ਵਾਤਸਯਨ, ਵੱਲੋਂ ਕੀਤਾ ਗਿਆ। ਇਸ ਜਹਾਜ਼ ਮਾਡਲ ਦੀ ਸਥਾਪਨਾ ਦੇ ਨਾਲ ਨੌਜਵਾਨ ਕੈਡਿਟਾਂ ਨੂੰ ਪ੍ਰੇਰਿਤ ਕਰਨ ਲਈ ਇੱਕ ਵਿਆਪਕ ਤੇ ਅਨੁਕੂਲ ਵਾਤਾਵਰਣ ਮਿਲੇਗਾ । ਇੰਸਟੀਚਿਊਟ ਦਾ ਆਪਣੇ 22 ਸਾਬਕਾ ਕੈਡਿਟਾਂ ਦਾ ਭਾਰਤੀ ਜਲ ਸੈਨਾ ਵਿੱਚ ਕਮਿਸ਼ਨਡ ਅਫਸਰਾਂ ਵਜੋਂ ਸੇਵਾ ਨਿਭਾਉਣ ਦਾ ਮਾਣਮੱਤਾ ਰਿਕਾਰਡ ਏ , ਜਿਨ੍ਹਾਂ ਵਿੱਚੋਂ ਦੋ ਕੈਡਿਟ, ਹਾਲ ਹੀ ਵਿੱਚ ਏਝੀਮਾਲਾ ਵਿਖੇ ਭਾਰਤੀ ਜਲ ਸੈਨਾ ਅਕੈਡਮੀ, ਦੀ ਪਾਸਿੰਗ ਆਊਟ ਪਰੇਡ ਵਿੱਚ ਸ਼ਾਮਲ ਹੋਏ ਸਨ। ਵਾਈਸ ਐਡਮਿਰਲ ਸੰਜੇ ਵਾਤਸਯਨ ਨੇ , ਪੰਜਾਬ ਦੀ ਸਮੁੰਦਰੀ ਵਿਰਾਸਤ ਨੂੰ ਉਜਾਗਰ ਕਰਦੇ ਹੋਏ ਸੂਬੇ ਦੇ ਨੌਜਵਾਨਾਂ ਨੂੰ ਪ੍ਰੇਰਿਤ ਕੀਤਾ। ਉਨ੍ਹਾਂ ਨੇ ਰਾਸ਼ਟਰੀ ਰੱਖਿਆ, ਸਮੁੰਦਰੀ ਹਿੱਤਾਂ ਦੀ ਰਾਖੀ ਅਤੇ ਵਿਸ਼ਵ ਪੱਧਰ ’ਤੇ ਭਾਰਤ ਦੇ ਵੱਕਾਰ ਨੂੰ ਪੇਸ਼ ਕਰਨ ਵਿੱਚ ਭਾਰਤੀ ਜਲ ਸੈਨਾ ਦੀ ਅਹਿਮ ਭੂਮਿਕਾ ਬਾਰੇ ਵਿਸਥਾਰ ਨਾਲ ਦੱਸਿਆ। ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਵਾਈਸ ਐਡਮਿਰਲ ਸੰਜੇ ਵਾਤਸਯਨ ਨਾਲ ਹੋਈ ਗੱਲਬਾਤ ਅਤੇ ਅਸਲ ਜੀਵਨ ਦੇ ਫੌਜੀ ਉਪਕਰਣਾਂ ਬਾਰੇ ਅਹਿਮ

ਜਾਣਕਾਰੀ ਕੈਡਿਟਾਂ ਨੂੰ ਲੀਡਰਸ਼ਿਪ, ਟੀਮ ਵਰਕ ਅਤੇ ਸਮੱਸਿਆ ਹੱਲ ਕਰਨ ਜ਼ਰੂਰੀ ਹੁਨਰ ਵਿਕਸਤ ਕਰਨ ਵਿੱਚ ਮਦਦ ਕਰੇਗੀ।

---------------------------------------------------------

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਵੱਲੋਂ ''ਨਸ਼ਿਆਂ ਵਿਰੁੱਧ ਨੌਜਵਾਨ'' ਮੁਹਿੰਮ ਨੂੰ ਸ੍ਰੀ ਮੁਕਤਸਰ ਸਾਹਿਬ ਵਿੱਚ ਲਾਗੂ ਕਰਦਿਆਂ ਸਿਵਲ ਜੱਜ ਹਿਮਾਂਸ਼ੂ ਅਰੋੜਾ ਦੀ ਰਹਿਨੁਮਾਈ ਹੇਠ ਅੱਜ ਸੰਤ ਸਹਾਰਾ ਇੰਸੀਟਿਊਟ ਆਫ ਨਰਸਿੰਗ ਕਾਲਜ, ਸ੍ਰੀ ਮੁਕਤਸਰ ਸਾਹਿਬ ਵਿਖੇ ਪ੍ਰੋਗਰਾਮ ਕਰਵਾਇਆ ਗਿਆ। ਸਿਵਲ ਜੱਜ ਨੇ ਨੌਜਵਾਨਾਂ ਨੂੰ ਤੰਦਰੁਸਤ ਸਮਾਜ ਸਿਰਜਣ ਲਈ ਨਸ਼ੇ ਛੱਡ ਕੇ ਪੰਜਾਬ ਦੀ ਤਰੱਕੀ ਲਈ ਕੰਮ ਕਰਨ ਦੀ ਅਪੀਲ ਕੀਤੀ । ਇਸ ਮੌਕੇ ਉਹਨਾਂ ਵੱਲੋਂ ਨਸ਼ੇ ਖਿਲਾਫ਼ ਸਹੂੰ ਵਾਲੇ ਬੈਨਰ ਵੀ ਲਾਏ ਗਏ ਜਿਸ ’ਤੇ ਨੌਜਵਾਨਾਂ ਵੱਲੋਂ ਹਸਤਾਖ਼ਰ ਕੀਤੇ ਗਏ। ਓਧਰ ਲੁਧਿਆਣਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਵੀ ਇਸ ਮੁਹਿੰਮ ਤਹਿਤ ਜਾਗਰੂਕਤਾ ਅਭਿਆਨ ਚਲਾ ਕੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਬਚਾਅ ਰੱਖਣ ਲਈ ਪ੍ਰਚਾਰ ਸਮੱਗਰੀ ਵੀ ਵੰਡੀ ਗਈ । ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ, ਸੁਮਿਤ ਸੱਭਰਵਾਲ ਨੇ ਦੱਸਿਆ ਕਿ ''ਨਸ਼ਿਆਂ ਵਿਰੁੱਧ ਨੌਜਵਾਨ'' ਮੁਹਿੰਮ 6 ਜਨਵਰੀ ਤੱਕ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ

ਨਸ਼ਿਆਂ ਦੀ ਰੋਕਥਾਮ ਕਰਨਾ ਸਿਰਫ਼ ਕਾਨੂੰਨ ਵਿਵਸਥਾ ਦਾ ਮਸਲਾ ਨਹੀਂ ਸਗੋਂ ਸਾਡੀ ਨੌਜਵਾਨ ਪੀੜੀ ਨੂੰ ਬਚਾਉਣਾ ਮੁੱਖ ਟੀਚਾ ਏ।  ਉਨ੍ਹਾਂ ਜ਼ੋਰ ਦਿੱਤਾ ਕਿ 'ਓਟ ਕਲੀਨਿਕਾਂ' ਵਿੱਚ ਇਲਾਜ ਅਧੀਨ ਨੌਜਵਾਨਾਂ ਦੀ ਕੌਂਸਲਿੰਗ ਕਰਦਿਆਂ ਉਨ੍ਹਾਂ ਨੂੰ ਰੋਜ਼ਗਾਰ ਦੇ ਵਿਸ਼ੇਸ਼ ਮੌਕੇ ਪ੍ਰਦਾਨ ਕੀਤੇ ਜਾਣ ਤਾਂ ਜੋ ਉਹ ਆਪਣੇ ਪੈਰਾਂ ਸਿਰ ਹੋ ਕੇ ਆਪਣੇ ਪਰਿਵਾਰ ਦਾ ਸਹਾਰਾ ਬਣ ਸਕਣ।

---

ਹਾਕੀ ਵਿੱਚ, ਭਾਰਤ ਅਤੇ ਦੱਖਣੀ ਅਫਰੀਕਾ ਦਰਮਿਆਨ ਤਿੰਨ ਮੈਚਾਂ ਦੀ ਲੜੀ ਦਾ ਦੂਜਾ ਮੈਚ, ਅੱਜ ਕੇਪ ਟਾਊਨ ਦੇ ਹਾਰਟਲੇਵੇਲ ਸਟੇਡੀਅਮ ਵਿਖੇ ਖੇਡਿਆ ਜਾਵੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਰਾਤ ਸਾਢੇ 10 ਵਜੇ ਸ਼ੁਰੂ ਹੋਵੇਗਾ। ਪਹਿਲਾਂ ਕੱਲ੍ਹ, ਭਾਰਤ ਨੇ ਲੜੀ ਦੇ ਪਹਿਲੇ ਮੈਚ ਵਿੱਚ, ਮੇਜ਼ਬਾਨ ਦੱਖਣੀ ਅਫਰੀਕਾ ਨੂੰ 5-2 ਨਾਲ ਹਰਾਇਆ। ਭਾਰਤ ਇਸ ਸਮੇਂ ਵਿਸ਼ਵ ਵਿੱਚ 7ਵੇਂ ਸਥਾਨ 'ਤੇ, ਜਦੋਂ ਕਿ ਦੱਖਣੀ ਅਫਰੀਕਾ 12ਵੇਂ ਸਥਾਨ 'ਤੇ ਏ।

---

- ਲੋਕ ਸਭਾ ’ਚ ਅੱਜ ਰਾਸ਼ਟਰੀ ਗੀਤ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ 'ਤੇ ਬਹਿਸ - ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ-

ਰਾਸ਼ਟਰੀ ਗੀਤ ਨੇ, ਦੇਸ਼ ਦੇ ਆਜ਼ਾਦੀ ਸੰਗਰਾਮ ਨੂੰ ਊਰਜਾ ਦਿੱਤੀ ਅਤੇ ਆਜ਼ਾਦੀ ਘੁਲਾਟੀਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਅੱਜ ਵੀ ਦੇਸ਼ ਨੂੰ ਪ੍ਰੇਰਿਤ ਕਰ ਰਿਹਾ ਏ।

- ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹੈ -ਸਰਕਾਰ ਨੇ ਕਿਸਾਨਾਂ ਨੂੰ ਉਪਜ ਦੇ ਉਚਿਤ ਮੁੱਲ ਮਿਲਣ ਨੂੰ ਯਕੀਨੀ ਬਣਾਉਣ ਲਈ, ਬਾਜ਼ਾਰ ਦਖਲਅੰਦਾਜ਼ੀ ਯੋਜਨਾ ਤਹਿਤ ਇੱਕ ਪ੍ਰਬੰਧ ਲਿਆਂਦਾ ਏ।
- ਪੰਜਾਬ ਜੰਗਲਾਤ ਵਿਭਾਗ ਨੇ 'ਗਰੀਨਿੰਗ ਪੰਜਾਬ ਮਿਸ਼ਨ' ਤਹਿਤ ਸੂਬੇ ਵਿੱਚ ਜੰਗਲਾਂ ਅਤੇ ਰੁੱਖਾਂ ਦੇ ਰਕਬੇ ਨੂੰ ਵਧਾਉਣ ਲਈ 12 ਲੱਖ ਤੋਂ ਵੱਧ ਬੂਟੇ ਲਾਏ।
- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵਲੋਂ ਸਰਹੱਦ ਪਾਰੋਂ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫ਼ਾਸ਼ ਇੱਕ ਨਾਬਾਲਗ ਸਮੇਤ 6 ਮੁਲਜ਼ਮਾਂ ਨੂੰ 6 ਪਿਸਤੌਲਾਂ ਨਾਲ ਕੀਤਾ ਗ੍ਰਿਫਤਾਰ ।
- ਮਰਦਾਂ ਦੀ ਹਾਕੀ ਵਿੱਚ, ਭਾਰਤ ਅਤੇ ਦੱਖਣੀ ਅਫਰੀਕਾ ਦਰਮਿਆਨ ਤਿੰਨ ਮੈਚਾਂ ਦੀ ਲੜੀ ਦਾ ਦੂਜਾ ਮੈਚ, ਅੱਜ ਕੇਪਟਾਊਨ ਵਿਖੇ ਖੇਡਿਆ ਜਾਵੇਗਾ।

\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-\-

**ਇਸਦੇ ਨਾਲ  ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,      ਖਬਰਾਂ ਦਾ ਅਗਲਾ  ਬੁਲੇਟਿਨ  ਤੁਸੀਂ ਸੁਣੋਗੇ 7 ਵੱਜਕੇ 30 ਮਿੰਟ  'ਤੇ   ਨਮਸਕਾਰ  !**